ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-6 ਸ਼ਾਖਾ)

ਸੇਵਾ ਵਿਖੇ

1. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
2. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ(ਐ.ਸਿ.) ਪੰਜਾਬ।
3. ਸਮੂਹ ਪ੍ਰਿੰਸੀਪਲ ਅਤੇ ਸਕੂਲ ਮੁੱਖੀ, ਪੰਜਾਬ।

ਮੀਮੋ ਨੰ: 11/62/2017-5ਸਿ.6/1027553/1-3
ਮਿਤੀ,ਚੰਡੀਗੜ੍ਹ: 20/7/2017

ਵਿਸ਼ਾ: ਅਧਿਕਾਰੀਆਂ/ਕਰਮਚਾਰੀਆਂ ਦੀ ਸੇਵਾ ਨਵਿਰਤੀ ਤੇ ਦਿੱਤੀਆਂ ਜਾਂਦੀਆਂ ਪਾਰਟੀਆਂ ਬਾਰੇ।

****

ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2. ਸਰਕਾਰ ਦੇ ਧਿਆਨ ਵਿਚ ਆਇਆ ਹੈ ਕਿ ਆਮ ਤੌਰ ਤੇ ਜਦੋਂ ਕੋਈ ਅਧਿਕਾਰੀ ਜਾਂ ਕਰਮਚਾਰੀ ਸੇਵਾ ਨਵਿਰਤ ਹੁੰਦਾ ਹੈ ਤਾਂ ਉਸ ਨੂੰ ਵਿਦਾਇਗੀ ਪਾਰਟੀ ਸਕੂਲ ਸਮੇਂ ਵਿਚ ਸਟਾਫ ਵੱਲੋਂ ਦਿੱਤੀ ਜਾਂਦੀ ਹੈ। ਇਹ ਵੀ ਵੇਖਣ ਵਿਚ ਆਇਆ ਹੈ ਕਿ ਪਹਿਲਾਂ ਸੇਵਾ ਨਵਿਰਤ ਹੋਣ ਵਾਲਾ ਅਧਿਕਾਰੀ/ਕਰਮਚਾਰੀ ਸਟਾਫ ਨੂੰ ਪਾਰਟੀ ਕਰਦਾ ਹੈ ਅਤੇ ਅਗਲੇ ਦਿਨ ਸਮੂਹ ਸਟਾਫ ਦੁਆਰਾ ਸੇਵਾ ਨਵਿਰਤ ਹੋਣ ਵਾਲੇ ਅਧਿਕਾਰੀ/ਕਰਮਚਾਰੀ ਨੂੰ ਅਦਾਇਗੀ ਪਾਰਟੀ ਦਿੱਤੀ ਜਾਂਦੀ ਹੈ। ਇਸ ਅਦਾਇਗੀ ਪਾਰਟੀ ਲਈ ਸਟਾਫ ਤੋਂ ਪੈਸੇ ਇੱਕਠੇ ਕਰਕੇ ਮਹਿੰਗੇ ਤੋਹਫੇ ਵੀ ਦਿੱਤੇ ਜਾਂਦੇ ਹਨ ਅਤੇ ਕਈ ਮੁਲਾਜਮਾਂ ਨੂੰ ਪੈਸੇ ਦੇਣ ਲਈ ਮਜਬੂਰ ਹੋਣਾ ਪੈਂਦਾ ਹੈ। ਇਨ੍ਹਾਂ ਵਿਦਾਇਗੀ ਪਾਰਟੀਆਂ ਦੇ ਨਾਲ ਬੱਚਿਆਂ ਦੀ ਪੜ੍ਹਾਈ ਦਾ ਬਹੁਤ ਜਿਆਦਾ ਨੁਕਸਾਨ ਹੁੰਦਾ ਹੈ।

3. ਉਪਰੋਕਤ ਨੂੰ ਮੁੱਖ ਰੱਖਦਿਆਂ ਹੋਇਆਂ ਸਮੂਹ ਸਕੂਲੀ ਮੁੱਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਸਮੇਂ ਦੌਰਾਨ ਕਿਸੇ ਵੀ ਕਿਸਮ ਦੀ ਕੋਈ ਪਾਰਟੀ ਨਾ ਦਿੱਤੀ ਜਾਵੇ ਅਤੇ ਨਾਂ ਹੀ ਸਟਾਫ ਨੂੰ ਪੈਸੇ ਦੇਣ ਲਈ ਮਜਬੂਰ ਕੀਤਾ ਜਾਵੇ।

ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 11/62/2017-5ਸਿ.6/1027553/4-8 ਮਿਤੀ, ਚੰਡੀਗੜ੍ਹ: 20-7-2017

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ(ਸੈ.ਸਿ.)
3. ਡਾਇਰੈਕਟਰ ਸਿੱਖਿਆ ਵਿਭਾਗ(ਐ.ਸਿ)
4. ਸਕੱਤਰ ਪੰਜਾਬ ਸਕੂਲ ਸਿੱਖਿਆ ਵਿਭਾਗ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ।

ਸਕੱਤਰ ਸਕੂਲ ਸਿੱਖਿਆ